# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 16-01-2025**

- ਸਪੇਸ-ਡੇਕਸ ਮਿਸ਼ਨ ਤਹਿਤ, ਦੋ ਉਪਗ੍ਰਹਿਆਂ ਦੀ ਡੌਕਿੰਗ ਪ੍ਰਕਿਰਿਆ ਨਾਲ, ਭਾਰਤ ਨੇ ਇਤਿਹਾਸ ਰਚਿਆ -ਇਹ ਉਪਲਬਧੀ ਹਾਸਲ ਕਰਨ ਵਾਲਾ ਚੌਥਾ ਦੇਸ਼ ਬਣਿਆ।
- ਕੇਂਦਰੀ ਮੰਤਰੀ ਮੰਡਲ ਨੇ, ਕੇਂਦਰ ਸਰਕਾਰ ਦੇ ਕਰਮਚਾਰੀਆਂ ਲਈ 8ਵੇਂ ਤਨਖਾਹ ਕਮਿਸ਼ਨ ਅਤੇ ਪੁਲਾੜ ਕੇਂਦਰ 'ਚ ਤੀਜੇ ਲਾਂਚ ਪੈਡ ਦੀ ਸਥਾਪਨਾ ਨੂੰ ਦਿਤੀ ਮਨਜ਼ੂਰੀ।
- ਭਾਰਤ, ਸਟਾਰ-ਟਅੱਪ ਇੰਡੀਆ ਦੀ 9ਵੀਂ ਵਰ੍ਹੇਗੰਢ ਮਨਾ ਰਿਹਾ ਏ- ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਏ ਕਿ ਸਰਕਾਰ ਨੇ, ਦੇਸ਼ ਵਿੱਚ ਸਟਾਰਟਅੱਪ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕੀਤਾ।
- ਪੰਜਾਬ ਸਰਕਾਰ ਵੱਲੋਂ ਦਿਵਿਆਂਗਜਨਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਲਈ, ਅਧਿਕਾਰੀ ਨਿਯੁਕਤ ਕੀਤੇ ਗਏ।

- ਹੁਸ਼ਿਆਰਪੁਰ ਜ਼ਿਲੇ ਦੇ ਪਿੰਡ ਨੂਰਪੁਰ ਜੱਟਾਂ ਵਿੱਚ ਵਾਪਰੇ ਸੜਕ ਹਾਦਸੇ ਵਿੱਚ ਇੱਕੋ ਪਰਿਵਾਰ ਦੇ ਤਿੰਨ ਜੀਆਂ ਦੀ ਮੌਤ ।
- ਮੌਸਮ ਵਿਭਾਗ ਨੇ, ਪੰਜਾਬ, ਹਰਿਆਣਾ, ਚੰਡੀਗੜ੍ਹ ਵਿੱਚ, ਅੱਜ ਰਾਤ ਅਤੇ ਕਲ ਸਵੇਰੇ ਸੰਘਣੀ ਤੋਂ ਬੇਹਦ ਸੰਘਣੀ ਧੁੰਦ ਪੈਣ ਦੀ ਪੇਸ਼ੀਨਗੋਈ ਕੀਤੀ।

----------------------------------------------------

ਭਾਰਤੀ ਪੁਲਾੜ ਖੋਜ ਸੰਗਠਨ-ਇਸਰੋ ਨੇ ਅੱਜ ਸਪੇਡੇਕਸ ਮਿਸ਼ਨ ਤਹਿਤ, ਦੋ ਉਪਗ੍ਰਹਿਆਂ ਦੀ ਡੌਕਿੰਗ ਨੂੰ ਸਫਲਤਾ-ਪੂਰਵਕ ਪੂਰਾ ਕੀਤਾ। ਇਸ ਉਪਲਬਧੀ ਦੀ ਸ਼ਲਾਘਾ ਕਰਦੇ ਹੋਏ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਉਪਗ੍ਰਹਿਆਂ ਦੇ ਪੁਲਾੜ ਡੌਕਿੰਗ ਦੇ ਸਫਲ ਪ੍ਰਦਰਸ਼ਨ ਲਈ, ਇਸਰੋ ਦੇ ਵਿਗਿਆਨੀਆਂ ਅਤੇ ਪੁਲਾੜ ਟੀਮ ਨੂੰ ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਮਿਸ਼ਨ ਆਉਣ ਵਾਲੇ ਸਾਲਾਂ ਵਿੱਚ ਦੇਸ਼ ਦੇ ਅਭਿਲਾਸ਼ੀ ਪੁਲਾੜ ਮਿਸ਼ਨਾਂ ਲਈ ਇੱਕ ਮਹੱਤਵਪੂਰਨ ਕਦਮ ਸਾਬਤ ਹੋਵੇਗਾ। ਕੇਂਦਰੀ ਵਿਗਿਆਨ ਅਤੇ ਤਕਨਾਲੋਜੀ ਰਾਜ ਮੰਤਰੀ ਡਾ: ਜਤਿੰਦਰ ਸਿੰਘ ਨੇ, ਇਸ ਨੂੰ ਬੇਮਿਸਾਲ

ਪ੍ਰਾਪਤੀ ਦੱਸਿਆ ਏ। ਡਾ: ਜਤਿੰਦਰ ਸਿੰਘ ਨੇ ਕਿਹਾ ਕਿ ਇਹ ਪੂਰੀ ਤਰ੍ਹਾਂ ਸਵਦੇਸ਼ੀ ਭਾਰਤੀ ਡੌਕਿੰਗ ਪ੍ਰਣਾਲੀ ਏ। ਇਹ ਪ੍ਰਣਾਲੀ ਭਾਰਤੀ ਪੁਲਾੜ ਸਟੇਸ਼ਨ, ਚੰਦਰਯਾਨ-4 ਅਤੇ ਗਗਨ-ਯਾਨ ਸਮੇਤ ਭਵਿੱਖ ਦੇ ਆਸਵੰਦ ਮਿਸ਼ਨਾਂ ਦੇ ਨਿਰਵਿਘਨ ਸੰਚਾਲਨ ਲਈ ਰਾਹ ਪੱਧਰਾ ਕਰੇਗੀ। ਇਸਰੋ ਦੇ ਸਾਬਕਾ ਵਿਗਿਆਨੀ ਮਾਈਲ-ਸਵਾਮੀ ਅੰਨਾ-ਦੁਰਈ ਨੇ ਕਿਹਾ ਕਿ ਚੰਦਰਯਾਨ-4 ਮਿਸ਼ਨ ਵਿੱਚ, ਡੌਕਿੰਗ ਪ੍ਰਕਿਰਿਆ ਬਹੁਤ ਮਦਦਗਾਰ ਸਾਬਤ ਹੋਵੇਗੀ। ਇਸਰੋ ਦੁਆਰਾ ਸਵਦੇਸ਼ੀ ਤੌਰ 'ਤੇ ਵਿਕਸਤ ਭਾਰਤੀ ਡੌਕਿੰਗ ਪ੍ਰਣਾਲੀ ਦੀ ਸਫਲਤਾ ਤੋਂ ਬਾਅਦ, ਭਾਰਤ ਅਮਰੀਕਾ, ਰੂਸ ਅਤੇ ਚੀਨ ਤੋਂ ਬਾਅਦ, ਇਸ ਤਕਨਾਲੋਜੀ ਦੀ ਵਰਤੋਂ ਕਰਨ, ਵਾਲਾ ਚੌਥਾ ਦੇਸ਼ ਬਣ ਗਿਆ ਏ।

ਇਕ ਰਿਪੋਰਟ :

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਪ੍ਰਧਾਨਗੀ ਹੇਠ ਅੱਜ ਕੇਂਦਰੀ ਮੰਤਰੀ ਮੰਡਲ ਦੀ ਮੀਟਿੰਗ ਹੋਈ। ਮੀਟਿੰਗ ਤੋਂ ਬਾਅਦ, ਸੂਚਨਾ ਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਦੱਸਿਆ ਕਿ ਮੰਤਰੀ ਮੰਡਲ ਵਿੱਚ ਦੋ

ਅਹਿਮ ਫੈਸਲੇ ਲਏ ਗਏ ਨੇ। ਸ੍ਰੀ ਵੈਸ਼ਨਵ ਨੇ ਕਿਹਾ ਕਿ ਮੰਤਰੀ ਮੰਡਲ ਨੇ, ਕੇਂਦਰ ਸਰਕਾਰ ਦੇ ਕਰਮਚਾਰੀਆਂ ਲਈ 8ਵੇਂ ਤਨਖਾਹ ਕਮਿਸ਼ਨ ਨੂੰ ਮਨਜ਼ੂਰੀ ਦੇ ਦਿੱਤੀ ਏ , ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ 2026 ਵਿੱਚ ਲਾਗੂ ਕੀਤੀਆਂ ਜਾਣਗੀਆਂ । ਸ੍ਰੀ ਵੈਸ਼ਨਵ ਨੇ ਦੱਸਿਆ ਕਿ ਚੇਅਰਮੈਨ ਅਤੇ ਦੋ ਮੈਂਬਰ ਨਿਯੁਕਤ ਕੀਤੇ ਜਾਣਗੇ । ਉਨ੍ਹਾਂ ਕਿਹਾ ਕਿ ਕੈਬਨਿਟ ਨੇ ਪੁਲਾੜ ਖੇਤਰ ਨੂੰ ਲੈ ਕੇ ਬਹੁਤ ਵੱਡਾ ਫੈਸਲਾ ਲਿਆ ਏ। ਤੀਜਾ ਲਾਂਚ ਪੈਡ ਸਾਲ 2040 ਤੱਕ, ਚੰਦਰਮਾ 'ਤੇ ਪਹੁੰਚਣ ਦੇ, ਭਾਰਤ ਦੇ ਟੀਚੇ 'ਚ ਅਹਿਮ ਭੂਮਿਕਾ ਨਿਭਾਏਗਾ। ਉਨ੍ਹਾਂ ਕਿਹਾ ਕਿ 3 ਹਜ਼ਾਰ 985 ਕਰੋੜ ਰੁਪਏ ਦੀ ਲਾਗਤ ਨਾਲ ਤੀਜੇ ਲਾਂਚ ਪੈਡ ਨੂੰ ਮਨਜ਼ੂਰੀ ਦਿੱਤੀ ਗਈ ਏ।

---------------------------------------------------------------

ਅੱਜ ਭਾਰਤ ਸਟਾਰ-ਟਅੱਪ ਇੰਡੀਆ ਦੀ 9ਵੀਂ ਵਰ੍ਹੇਗੰਢ ਮਨਾ ਰਿਹਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸਰਕਾਰ ਨੇ, ਦੇਸ਼ ਵਿੱਚ ਸਟਾਰਟਅੱਪ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕੀਤਾ ਏ । ਇਸ ਪਰਿਵਰਤਨਸ਼ੀਲ ਪਹਿਲਕਦਮੀ ਨੇ

ਪਿਛਲੇ 9 ਸਾਲਾਂ ਵਿੱਚ ਅਣਗਿਣਤ ਨੌਜਵਾਨਾਂ ਨੂੰ ਸ਼ਕਤੀ ਪ੍ਰਦਾਨ ਕੀਤੀ ਏ ਅਤੇ ਉਨ੍ਹਾਂ ਦੇ ਨਵੀਨਤਾਕਾਰੀ ਵਿਚਾਰਾਂ ਨੂੰ ਸਫਲ ਸ਼ੁਰੂਆਤ ਵਿੱਚ ਬਦਲਿਆ ਏ ।

**BYTE:**

ਸ੍ਰੀ ਮੋਦੀ ਨੇ ਕਿਹਾ ਕਿ ਸਰਕਾਰ ਦੀਆਂ ਨੀਤੀਆਂ 'ਕਾਰੋਬਾਰ ਕਰਨ ਦੀ ਸੌਖ' 'ਤੇ ਕੇਂਦ੍ਰਿਤ ਨੇ , ਸਰੋਤਾਂ ਤੱਕ ਵੱਧ ਤੋਂ ਵੱਧ ਪਹੁੰਚ ਯਕੀਨੀ ਬਣਾਉਣ ਅਤੇ ਹਰ ਮੋੜ 'ਤੇ ਸਟਾਰਟ-ਅੱਪਸ ਨੂੰ ਸਮਰਥਨ ਦੇਣ 'ਤੇ ਕੇਂਦਰਿਤ ਨੇ । ਉਨ੍ਹਾਂ ਕਿਹਾ ਕਿ ਸਰਕਾਰ, ਕਾਡਾਂ ਅਤੇ ਇਨਕਿਊ-ਬੇਸ਼ਨ ਕੇਂਦਰਾਂ ਨੂੰ ਸਰਗਰਮੀ ਨਾਲ ਉਤਸ਼ਾਹਿਤ ਕਰ ਰਹੀ ਏ ਤਾਂ ਜੋ ਦੇਸ਼ ਦੇ ਨੌਜਵਾਨ ਜੋਖਮ ਲੈਣ ਵਾਲੇ ਬਣ ਸਕਣ। ਉਨ੍ਹਾਂ ਕਿਹਾ ਕਿ ਸਟਾਰਟਅੱਪ ਇੰਡੀਆ ਪ੍ਰੋਗਰਾਮ ਦੀ ਸਫ਼ਲਤਾ ਦਰਸਾਉਂਦੀ ਏ ਕਿ ਅੱਜ ਦੇਸ਼ ਗਤੀਸ਼ੀਲ, ਆਤਮ-ਵਿਸ਼ਵਾਸ ਅਤੇ ਭਵਿੱਖ ਲਈ ਤਿਆਰ ਏ ।

---------------------------------------------------------------

ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਵਿਭਾਗ ਵੱਲੋਂ ਦਿਵਿਆਂਗਜਨਾਂ

ਦੀ ਭਲਾਈ ਲਈ ਤੇਜ਼ੀ ਨਾਲ ਕੰਮ ਕੀਤਾ ਜਾ ਰਿਹਾ ਏ । ਇਸੇ ਤਹਿਤ ਵਿਭਾਗ ਵੱਲੋਂ ਦਿਵਿਆਂਗਜਨਾਂ ਦੇ ਅਧਿਕਾਰ ਬਾਰੇ ਐਕਟ, 2016 ਦੀ ਧਾਰਾ-23 ਦੇ ਅਧੀਨ ਦਿਵਿਆਂਗਜਨਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਸ਼ਿਕਾਇਤ ਨਿਵਾਰਣ ਅਫਸਰ ਨਿਯੁਕਤ ਕੀਤੇ ਨੇ । ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਸ ਸਬੰਧੀ ਨੋਟੀਫਿਕੇਸ਼ਨ ਵੀ ਜਾਰੀ ਕਰ ਦਿੱਤਾ ਏ ।ਮੰਤਰੀ ਨੇ ਦੱਸਿਆ ਕਿ ਨਿਯੁਕਤ ਸ਼ਿਕਾਇਤ ਨਿਵਾਰਣ ਅਫਸਰ, ਦਿਵਿਆਂਗਜਨਾਂ ਨੂੰ ਨੌਕਰੀ ਦੌਰਾਨ ਕਿਸੇ ਵੀ ਤਰ੍ਹਾਂ ਦੇ ਪੱਖ-ਪਾਤ, ਅੜਚਣ ਰਹਿਤ ਵਾਤਾਵਰਣ ਅਤੇ ਤਰੱਕੀ ਸਬੰਧੀ ਸ਼ਿਕਾਇਤਾਂ ਦਾ ਨਿਪਟਾਰਾ ਕਰਨਗੇ। ਉਹਨਾਂ ਦੱਸਿਆ ਕਿ ਸ਼ਿਕਾਇਤ ਪ੍ਰਾਪਤ ਹੋਣ ਤੋਂ ਦੋ ਹਫਤਿਆਂ ਦੇ ਅੰਦਰ-ਅੰਦਰ ਜਾਂਚ ਪੂਰੀ ਕਰਨੀ ਜ਼ਰੂਰੀ ਹੋਵੇਗੀ। ਡਾ. ਬਲਜੀਤ ਕੌਰ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਵੱਖ-ਵੱਖ ਵਿਭਾਗਾਂ, ਬੋਰਡਾਂ, ਕਾਰਪੋਰੇਸ਼ਨਾਂ ਅਤੇ ਯੂਨੀਵਰਸਿਟੀਆਂ ਵੱਲੋਂ ਨਿਯੁਕਤ ਸ਼ਿਕਾਇਤ ਨਿਵਾਰਣ ਅਫਸਰਾਂ ਦੇ ਨਾਮ ਅਤੇ ਫੋਨ ਨੰਬਰ ਵਿਭਾਗ ਦੀ ਵੈਬਸਾਈਟ ਤੇ ਇੱਕ ਮਹੀਨੇ ਦੇ ਅੰਦਰ-ਅੰਦਰ ਉਪਲੱਬਧ ਕਰਵਾਉਣ ਲਈ ਕਿਹਾ। ਮੰਤਰੀ ਨੇ ਅਧਿਕਾਰੀਆਂ ਨੂੰ ਇਹ ਵੀ ਨਿਰਦੇਸ਼

ਦਿੱਤੇ ਕਿ ਸ਼ਿਕਾਇਤ ਨਿਵਾਰਣ ਅਫ਼ਸਰਾਂ ਦੀ ਟੈਲੀਫੋਨ ਡਾਇਰੈਕਟਰੀ ਜਲਦੀ ਤਿਆਰ ਕੀਤੀ ਜਾਵੇ।

-----------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪੰਜਾਬ ਵਿੱਚ, ਕੱਲ ਰਿਲੀਜ਼ ਹੋਣ ਵਾਲੀ ਫਿਲਮ ‘ਐਮਰਜੈਂਸੀ’ ਦੀ ਸਕਰੀਨਿੰਗ ’ਤੇ ਪਾਬੰਦੀ ਲਾਉਣ ਦੀ ਮੰਗ ਕੀਤੀ ਏ।ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਅੱਜ ਲਿਖੇ ਇੱਕ ਪੱਤਰ ਵਿੱਚ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਨੇ ਕਿਹਾ ਏ ਕਿ, ਇਹ ਫਿਲਮ, ਇਤਿਹਾਸ ਨੂੰ ਤੋੜ-ਮਰੋੜ ਕੇ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦੀ ਯੋਜਨਾਬੱਧ ਕੋਸ਼ਿਸ਼ ਏ। ਉਨ੍ਹਾਂ ਕਿਹਾ ਕਿ ਇਸ ਦੀ ਰਿਲੀਜ਼ ਨਾਲ, ਸਿੱਖ ਭਾਈਚਾਰੇ ਅੰਦਰ ਗੁੱਸਾ ਭੜਕ ਸਕਦਾ ਏ । ਉਨ੍ਹਾਂ ਕਿਹਾ ਕਿ ਜੇਕਰ ਫਿਲਮ ਨੂੰ ਪੰਜਾਬ ਵਿੱਚ ਰਿਲੀਜ਼ ਹੋਣ ਦਿੱਤਾ ਗਿਆ, ਤਾਂ ਸ਼੍ਰੋਮਣੀ ਕਮੇਟੀ, ਇਸ ਦਾ ਸੂਬਾ ਪੱਧਰ ’ਤੇ ਵਿਰੋਧ ਕਰਨ ਲਈ ਮਜਬੂਰ ਹੋਵੇਗੀ। ਪੱਤਰ ਵਿਚ ਕਿਹਾ ਗਿਆ ਏ ਕਿ,ਸ਼੍ਰੋਮਣੀ ਕਮੇਟੀ ਨੇ, ਇਸ ਤੋਂ ਪਹਿਲਾਂ 11 ਨਵੰਬਰ 2023 ਨੂੰ ਪੰਜਾਬ ਦੇ ਮੁੱਖ ਸਕੱਤਰ ਕੋਲ ਵੀ, ਇਸ ਫਿਲਮ 'ਤੇ

ਇਤਰਾਜ਼ ਜਤਾਇਆ ਸੀ, ਪਰ ਇਹ ਨਿਰਾਸ਼ਾਜਨਕ ਏ ਕਿ, ਸਰਕਾਰ ਨੇ ਕੋਈ ਕਾਰਵਾਈ ਨਹੀਂ ਕੀਤੀ। ਸ਼੍ਰੋਮਣੀ ਕਮੇਟੀ ਨੇ ਪੰਜਾਬ ਦੇ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਇਸ ਫਿਲਮ ਦੀ ਸਕ੍ਰੀਨਿੰਗ ਨੂੰ ਰੋਕਣ ਬਾਰੇ ਮੰਗ ਪੱਤਰ ਸੌਂਪੇ ਨੇ।

-----------------------------------------------------

ਹੁਸ਼ਿਆਰਪੁਰ ਜ਼ਿਲੇ ਦੇ ਪਿੰਡ ਨੂਰਪੁਰ ਜੱਟਾਂ ਵਿੱਚ ਵਾਪਰੇ ਸੜਕ ਹਾਦਸੇ ਵਿੱਚ ਇੱਕੋ ਪਰਿਵਾਰ ਦੇ ਤਿੰਨ ਜੀਆਂ ਦੀ ਮੌਤ ਹੋ ਗਈ।ਸਾਡੇ ਪੱਤਰਕਾਰ ਨੇ ਦਸਿਆ ਏ ਕਿ ਮ੍ਰਿਤਕਾਂ ਦੀ ਪਛਾਣ ਬਲਾਚੌਰ ਦੇ ਪਿੰਡ ਮਾਣੇਵਾਲ ਦੇ ਗੁਰਨਾਮ ਸਿੰਘ, ਉਸਦੀ ਪਤਨੀ ਵਰਿੰਦਰ ਕੌਰ ਅਤੇ ਬੇਟੀ ਸੀਰਤ ਵਜੋਂ ਹੋਈ ਏ। ਇਹ ਹਾਦਸਾ ਉਸ ਵੇਲੇ ਵਾਪਰਿਆ, ਜਦੋ ਕਾਰ ਸਵਾਰ ਇਹ ਪਰਿਵਾਰ ਮੈਂਬਰ, ਕੋਟ ਫਤੂਹੀ ਤੋਂ ਪਰਤ ਰਹੇ ਸਨ, ਤਾਂ ਸਾਹਮਣੇ ਤੋਂ ਆ ਰਹੇ ਤੇਜ਼ ਰਫ਼ਤਾਰ ਕੈਂਟਰ ਨੇ, ਕਾਰ ਨੂੰ ਟੱਕਰ ਮਾਰ ਦਿੱਤੀ। ਹਾਦਸੇ ਵਿੱਚ ਕਾਰ ਬੁਰੀ ਤਰ੍ਹਾਂ ਨੁਕਸਾਨੀ ਗਈ। ਹਾਦਸੇ 'ਚ ਵਰਿੰਦਰ ਕੌਰ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਗੁਰਨਾਮ ਅਤੇ ਸੀਰਤ ਗੰਭੀਰ ਜ਼ਖਮੀ ਹੋ ਗਏ ਅਤੇ ਆਸ-ਪਾਸ ਦੇ ਲੋਕਾਂ ਨੇ ਜ਼ਖਮੀਆਂ

ਨੂੰ ਬੰਗਾ ਦੇ ਸਿਵਲ ਹਸਪਤਾਲ 'ਚ ਪਹੁੰਚਾਇਆ, ਜਿੱਥੇ ਇਲਾਜ ਦੌਰਾਨ ਉਨ੍ਹਾਂ ਦੀ ਮੌਤ ਹੋ ਗਈ । ਹਾਦਸੇ ਤੋਂ ਬਾਅਦ ਕੈਂਟਰ ਚਾਲਕ ਮੌਕੇ ਤੋਂ ਫ਼ਰਾਰ ਹੋ ਗਿਆ। ਪੁਲੀਸ ਨੇ ਮੌਕੇ ’ਤੇ ਪਹੁੰਚ ਕੇ ਦੋਵੇਂ ਵਾਹਨਾਂ ਨੂੰ ਕਬਜ਼ੇ ਵਿੱਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ ਏ ।

---------------------------------------------------------------

ਲੁਧਿਆਣਾ ਦੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਕਿਹਾ ਏ ਕਿ ਹਲਵਾਰਾ ਹਵਾਈ ਅੱਡੇ ਦੀ ਟਰਮੀਨਲ ਸਾਈਟ 'ਤੇ, ਸਿਵਲ ਕਾਰਜ਼ 100 ਫੀਸਦ ਮੁਕੰਮਲ ਹੋ ਚੁੱਕੇ ਨੇ ।ਲੋਕ ਨਿਰਮਾਣ ਵਿਭਾਗ, ਸਮੇਤ ਹੋਰਨਾਂ ਵਿਭਾਗਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ  ਨੇ ਕਿਹਾ ਕਿ ਆਈ.ਏ.ਐਫ. ਕੈਂਪਸ 'ਤੇ ਕੁਝ ਆਖਰੀ ਮੀਲ ਸੰਪਰਕ ਦੇ ਕੰਮਾਂ ਦੀ ਗਤੀ ਵੀ ਤੇਜ਼ ਕਰ ਦਿੱਤੀ ਗਈ ਏ ।ਉਨ੍ਹਾਂ  ਕਿਹਾ ਕਿ ਪ੍ਰਸ਼ਾਸਨ ਇਨ੍ਹਾਂ ਕੰਮਾਂ ਨੂੰ ਜਲਦ ਤੋਂ ਜਲਦ ਪੂਰਾ ਕਰਨ ਲਈ ਆਈ.ਏ.ਐਫ. ਨਾਲ ਲਗਾਤਾਰ ਸੰਪਰਕ ਵਿੱਚ ਏ ।

ਜਤਿੰਦਰ ਜੋਰਵਾਲ ਨੇ ਦੱਸਿਆ ਕਿ ਅੰਦਰੂਨੀ ਸੜਕਾਂ, ਤੇ ਹੋਰ ਕਾਰਜਾਂ ਸਮੇਤ ਪਾਰਕਿੰਗ ਦਾ ਨਿਰਮਾਣ ਪਹਿਲਾਂ ਹੀ ਪੂਰਾ ਹੋ ਚੁੱਕਾ ਏ ।

ਡਿਪਟੀ ਕਮਿਸ਼ਨਰ ਵੱਲੋਂ ਉਡਾਣ ਸੰਚਾਲਨ ਬਾਰੇ ਵੀ ਗੱਲਬਾਤ ਕੀਤੀ ਗਈ ਅਤੇ ਕਿਹਾ ਕਿ ਏਅਰ ਇੰਡੀਆ ਪਹਿਲਾਂ ਹੀ ਹਲਵਾਰਾ ਹਵਾਈ ਅੱਡੇ ਦੇ ਅਧਿਕਾਰਤ ਤੌਰ 'ਤੇ ਚਾਲੂ ਹੋਣ ਅਤੇ ਸਾਰੀਆਂ ਲੋੜੀਂਦੀਆਂ ਨਿਆਮਕ ਪ੍ਰਵਾਨਗੀਆਂ ਪ੍ਰਾਪਤ ਕਰਨ ਤੋਂ ਬਾਅਦ ਉਡਾਣਾਂ ਸ਼ੁਰੂ ਕਰਨ ਲਈ ਸਹਿਮਤ ਹੋ ਗਈ ਏ।

---------------------------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਅੱਜ ਜ਼ਿਲ੍ਹੇ ਵਿੱਚ ਲੰਘੇ ਵਰ੍ਹੇ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਠੱਲ੍ਹ ਪਾਉਣ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੇ, ਵੱਖ-ਵੱਖ ਵਿਭਾਗਾਂ ਦੇ 27 ਅਧਿਕਾਰੀਆਂ ਦਾ ਸਨਮਾਨ ਕੀਤਾ ।ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਪ੍ਰਸ਼ੰਸਾ ਪੱਤਰ ਸੌਂਪਦਿਆਂ, ਪਰਾਲੀ ਪ੍ਰਬੰਧਨ ਵਿੱਚ ਪਾਏ ਵੱਡਮੁੱਲੇ ਯੋਗਦਾਨ ਲਈ, ਉਨ੍ਹਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਦੱਸਿਆ ਕਿ ਸਾਲ 2023 ਵਿੱਚ ਜ਼ਿਲ੍ਹੇ ਅੰਦਰ ਖੇਤਾਂ ਵਿੱਚ ਪਰਾਲੀ ਸਾੜਨ ਦੇ 1196 ਮਾਮਲੇ ਸਾਹਮਣੇ ਆਏ ਸਨ, ਜਿਨ੍ਹਾਂ ਵਿੱਚੋਂ ਸਾਲ 2024 ਦੌਰਾਨ 87 ਫੀਸਦੀ ਗਿਰਾਵਟ ਆਈ। ਸਨਮਾਨ ਹਾਸਲ ਕਰਨ ਵਾਲੇ ਅਧਿਕਾਰੀਆਂ

ਨੂੰ ਮੁਬਾਰਕਬਾਦ ਦਿੰਦਿਆਂ ਡਾ. ਅਗਰਵਾਲ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅਪਣਾਈ ਬਹੁਪੱਖੀ ਰਣਨੀਤੀ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੇ ਟੀਮ ਵਰਕ ਸਦਕਾ ਜ਼ਿਲ੍ਹੇ ਵਿੱਚ ਪਰਾਲੀ ਸਾੜਨ ਦੇ ਮਾਮਲੇ ਪਿਛਲੇ ਸਾਲਾਂ ਨਾਲੋਂ ਘੱਟ ਕਰਨ ਵਿੱਚ ਕਾਮਯਾਬੀ ਮਿਲੀ ਏ । ਉਨ੍ਹਾਂ ਕਿਹਾ ਕਿ ਇਨ੍ਹਾਂ ਅਧਿਕਾਰੀਆਂ ਨੇ ਨਾ ਸਿਰਫ਼ ਆਪਣੀ ਡਿਊਟੀ ਨਿਭਾਈ ਹੈ ਬਲਕਿ ਵਾਤਾਵਰਣ ਦੀ ਸੰਭਾਲ ਵਿੱਚ ਵੀ ਯੋਗਦਾਨ ਪਾਇਆ ਏ ।

------------------------------------------------------------

ਮੌਸਮ ਵਿਭਾਗ ਨੇ ਪੰਜਾਬ ਵਿੱਚ ਧੁੰਦ ਨੂੰ ਲੈ ਕੇ ਚੇਤਾਵਨੀ ਜਾਰੀ ਕੀਤੀ ਏ । ਪਿਛਲੇ 24 ਘੰਟਿਆਂ ਵਿੱਚ ਔਸਤ ਵੱਧ ਤੋਂ ਵੱਧ ਤਾਪਮਾਨ ਵਿੱਚ -0.5 ਡਿਗਰੀ ਅਤੇ ਘੱਟ ਤੋਂ ਘੱਟ ਤਾਪਮਾਨ ਵਿੱਚ 1 ਡਿਗਰੀ ਦੀ ਗਿਰਾਵਟ ਦਰਜ ਕੀਤੀ ਗਈ। ਹਾਲਾਂਕਿ, ਇਹ ਤਾਪਮਾਨ ਸੂਬੇ ਵਿੱਚ ਆਮ ਤਾਪਮਾਨ ਦੇ ਨੇੜੇ ਹੀ ਏ । ਪੰਜਾਬ ਦੇ ਨੇੜੇ ਦੋ ਪੱਛਮੀ ਗੜਬੜੀਆਂ ਸਰਗਰਮ ਨੇ ਜਿਨ੍ਹਾਂ ਕਾਰਨ ਅੱਜ ਮੌਸਮ ਵਿਭਾਗ ਨੇ ਕੁਝ ਇਲਾਕਿਆਂ ਵਿੱਚ ਹਲਕੀ ਬਾਰਿਸ਼ ਦੀ ਸੰਭਾਵਨਾ ਜਤਾਈ ਏ । ਮੌਸਮ

ਵਿਗਿਆਨ ਕੇਂਦਰ ਮੁਤਾਬਕ ਚੰਡੀਗੜ੍ਹ ਵਿੱਚ ਧੁੰਦ ਨੂੰ ਲੈ ਕੇ ਯੈਲੋ ਅਲਰਟ ਜਾਰੀ ਕੀਤਾ ਗਿਆ ਏ । ਇਸ ਦੇ ਨਾਲ ਨਾਲ ਅੰਮ੍ਰਿਤਸਰ, ਤਰਨਤਾਰਨ, ਨਵਾਂਸ਼ਹਿਰ, ਕਪੂਰਥਲਾ, ਜਲੰਧਰ, ਲੁਧਿਆਣਾ, ਸੰਗਰੂਰ, ਫਤਿਹਗੜ੍ਹ ਸਾਹਿਬ ਅਤੇ ਪਟਿਆਲਾ ਵਿੱਚ ਧੁੰਦ ਲਈ ਸੰਤਰੀ ਅਲਰਟ ਜਾਰੀ ਕੀਤਾ ਗਿਆ ਏ । ਜਦਕਿ ਬਾਕੀ ਸ਼ਹਿਰਾਂ ਵਿੱਚ ਯੈਲੋ ਅਲਰਟ ਜਾਰੀ ਕੀਤਾ ਗਿਆ ਏ ।

---------------------------------------------------